**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**18:20**

**ਮਿਤੀ :12-04-2026**

***ਖਾ� ਖਬਰਾਂ***

- ਪ੍ਰਸਿੱਧ ਗਾਇਕਾ ਅਤੇ ਪਦਮ ਵਿਭੂਸ਼ਣ ਸਨਮਾਨਿਤ, ਆਸ਼ਾ ਭੋਸਲੇ ਦਾ ਅੱਜ ਮੁੰਬਈ ਵਿੱਚ 92 ਸਾਲ ਦੀ ਉਮਰ ਵਿੱਚ ਦੇਹਾਂਤ ਹੋ ਗਿਆ ਏ।
- ਪੰਜਾਬ ਦੇ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਨੇ ਅੱਜ ਨਵੇਂ ਬਣੇ ਉਪ ਮੰਡਲ ਮੈਜਿਸਟਰੇਟ ਕੰਪਲੈਕਸ ਤਲਵੰਡੀ ਸਾਬੋ ਦਾ ਉਦਘਾਟਨ ਕੀਤਾ।
- ਪੰਜਾਬ ਕੈਬਿਨੇਟ ਮੰਤਰੀ ਅਮਨ ਅਰੋੜਾ ਨੇ ਸੂਬੇ ਭਰ ਦੇ ਸਾਰੇ ਪਿੰਡਾਂ ਨੂੰ ਸੂਰਜੀ ਊਰਜਾ ਨਾਲ ਰੌਸ਼ਨ ਕਰਨ ਲਈ ਇੱਕ ਵਿਲੱਖਣ ਪਹਿਲਕਦਮੀ 'ਮੁੱਖ ਮੰਤਰੀ ਰੌਸ਼ਨ ਪੰਜਾਬ ਯੋਜਨਾ' ਦੀ ਸ਼ੁਰੂਆਤ ਦਾ ਐਲਾਨ ਕੀਤਾ।
- ਮੰਡੀ ਗੋਬਿੰਦਗੜ੍ਹ ਵਿਖੇ ਗੈਸ ਰੀਫਿਲਿੰਗ ਦੌਰਾਨ ਇੱਕ ਭਿਆਨਕ ਹਾਦਸੇ ਵਿੱਚ 6 ਵਿਅਕਤੀ ਬੁਰੀ ਤਰ੍ਹਾਂ ਨਾਲ ਝੁਲਸ ਗਏ।
- IPL ਕ੍ਰਿਕੇਟ ਵਿੱਚ, ਲਖਨਊ ਸੁਪਰ ਜਾਇੰਟਸ ਨੇ ਗੁਜਰਾਤ ਜਾਇੰਟਸ ਲਈ ਜਿੱਤ ਵਾਸਤੇ 165 ਦੌੜਾਂ ਦਾ ਟੀਚਾ ਰੱਖਿਆ ਏ।

---

ਪ੍ਰਸਿੱਧ ਗਾਇਕਾ ਅਤੇ ਪਦਮ ਵਿਭੂਸ਼ਣ award ਨਾਲ ਸਨਮਾਨਿਤ ਆਸ਼ਾ ਭੋਸਲੇ ਦਾ ਅੱਜ ਮੁੰਬਈ ਵਿੱਚ 92 ਸਾਲ ਦੀ ਉਮਰ ਵਿੱਚ ਦੇਹਾਂਤ ਹੋ ਗਿਆ ਏ। ਮਹਾਰਾਸ਼ਟਰ ਦੇ ਸੱਭਿਆਚਾਰਕ ਮੰਤਰੀ ਆਸ਼ੀਸ਼ ਸ਼ੇਲਾਰ ਨੇ ਹਸਪਤਾਲ ਦੇ ਬਾਹਰ ਮੀਡੀਆ ਨਾਲ ਗੱਲਬਾਤ ਕਰਦੇ ਹੋਏ ਇਸ ਖ਼ਬਰ ਦੀ ਪੁਸ਼ਟੀ ਕੀਤੀ। ਉਨ੍ਹਾਂ ਨੂੰ ਛਾਤੀ ਵਿੱਚ ਇਨਫੈਕਸ਼ਨ ਅਤੇ ਹੋਰ ਸ਼ਿਕਾਇਤਾਂ ਕਾਰਨ ਕੱਲ੍ਹ ਸ਼ਾਮ ਇੱਕ ਨਿੱਜੀ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਸੀ। ਉਨ੍ਹਾਂ ਦਾ ਅੰਤਿਮ ਸੰਸਕਾਰ ਕੱਲ੍ਹ ਸ਼ਾਮ 4 ਵਜੇ ਮੁੰਬਈ ਦੇ ਸ਼ਿਵਾਜੀ ਪਾਰਕ ਵਿੱਚ ਕੀਤਾ ਜਾਵੇਗਾ। ਪੇਸ਼ ਏ ਇੱਕ *ਰਿਪੋਰਟ-*

*ਅੱਠ ਦਹਾਕਿਆਂ ਤੋਂ ਵੱਧ ਸਮੇਂ ਦੇ ਕਰੀਅਰ ਦੇ ਨਾਲ, ਆਸ਼ਾ ਭੋਂਸਲੇ ਨੇ ਵੱਖ-ਵੱਖ ਭਾਸ਼ਾਵਾਂ ਵਿੱਚ 12 ਹਜ਼ਾਰ 500 ਤੋਂ ਵੱਧ ਗੀਤ ਰਿਕਾਰਡ ਕੀਤੇ। ਉਹ ਆਪਣੀ ਬਹੁਪੱਖੀ ਕਲਾ ਲਈ ਜਾਣੇ ਜਾਂਦੇ*

*ਸਨ ਅਤੇ ਰੋਮਾਂਟਿਕ ਗੀਤਾਂ ਅਤੇ ਗ਼ਜ਼ਲਾਂ ਤੋਂ ਲੈ ਕੇ ਜੋਸ਼ੀਲੇ ਗੀਤਾਂ ਤੱਕ ਕਈ ਯਾਦਗਾਰੀ ਗੀਤ ਗਾਏ.ਓਹਨਾਂ ਨੂੰ ਪਿਆਰ ਨਾਲ ਆਸ਼ਾ ਤਾਈ, ਕਿਹਾ ਜਾਂਦਾ ਸੀ, ਤੇ ਓਹ ਪ੍ਰਸਿੱਧ ਗਾਇਕਾ ਅਤੇ ਭਾਰਤ ਰਤਨ ਸਨਮਾਨਿਤ ਸਵਰਗੀ ਲਤਾ ਮੰਗੇਸ਼ਕਰ ਦੀ ਛੋਟੀ ਭੈਣ ਅਤੇ ਮਸ਼ਹੂਰ ਮੰਗੇਸ਼ਕਰ ਵੰਸ਼ ਤੋਂ ਸਨ. ਓਹਨਾਂ ਆਪਣੀ ਸ਼ੁਰੂਆਤ ਮਰਾਠੀ ਫਿਲਮਾਂ ਨਾਲ ਕੀਤੀ ਅਤੇ 1948 ਵਿੱਚ ਫਿਲਮ 'ਚੁਨਰੀਆ" ਨਾਲ ਹਿੰਦੀ ਫਿਲਮ ਸਨਅਤ ਵਿੱਚ ਪ੍ਰਵੇਸ਼ ਕੀਤਾ। ਓਹਨਾਂ ਲਤਾ ਮੰਗੇਸ਼ਕਰ, ਸ਼ਮਸ਼ਾਦ ਬੇਗਮ ਅਤੇ ਗੀਤਾ ਦੱਤ ਵਰਗੀਆਂ ਦਿੱਗਜ ਕਲਾਕਾਰਾਂ ਦਰਮਿਆਨ ਆਪਣੀ ਥਾਂ ਬਣਾਈ ਤੇ ਆਪਣੇ ਵਿਆਪਕ ਕਰੀਅਰ ਦੌਰਾਨ, ਓਹਨਾਂ ਮੀਨਾ ਕੁਮਾਰੀ, ਮਧੂਬਾਲਾ ਅਤੇ ਜ਼ੀਨਤ ਅਮਾਨ ਤੋਂ ਲੈ ਕੇ ਪਦਮਿਨੀ, ਵੈਜਯੰਤੀਮਾਲਾ ਕਾਜੋਲ, ਅਤੇ ਉਰਮਿਲਾ ਮਾਤੋਂਡਕਰ, ਵਰਗੀਆਂ ਅਦਾਕਾਰਾਂ ਨੂੰ ਆਪਣੀ ਆਵਾਜ਼ ਦਿੱਤੀ। ਓਹਨਾਂ ਦੇ ਸਭ ਤੋਂ ਯਾਦਗਾਰੀ ਗੀਤਾਂ ਵਿੱਚ 'ਅਭੀ ਨਾ ਜਾਓ ਛੋੜ ਕਰ', 'ਇਨ ਆਂਖੋਂ ਕੀ ਮਸਤੀ', 'ਦਿਲ ਚੀਜ਼ ਕਜਾ ਹੈ, ਅਤੇ 'ਜ਼ਰਾ ਸਾ ਝੂਮ ਲੂੰ ਮੈਂ ਸ਼ਾਮਲ ਨੇ. ਓਹਨਾਂ ਨੂੰ ਦੋ ਵਾਰ ਗ੍ਰੈਮੀ ਲਈ ਨਾਮਜ਼ਦ ਕੀਤਾ ਗਿਆ ਤੇ ਇਸ ਤੋਂ ਇਲਾਵਾ ਦੋ ਰਾਸ਼ਟਰੀ ਫਿਲਮ award, ਅਠਾਰਾਂ ਮਹਾਰਾਸ਼ਟਰ ਰਾਜ ਫਿਲਮ award, ਇੱਕ ਲਾਈਫਟਾਈਮ ਅਚੀਵਮੈਂਟ award ਸਮੇਤ ਨੌਂ ਫਿਲਮਫੇਅਰ award, ਅਤੇ ਬਿਹਤਰੀਨ ਪਲੇਬੈਕ ਗਾਇਕਾ ਲਈ ਰਿਕਾਰਡ ਸੱਤ ਫਿਲਮਫੇਅਰ ਅਵਾਰਡਾਂ ਨਾਲ ਸਨਮਾਨਿਤ ਕੀਤਾ ਗਿਆ. ਸਾਲ 2000 ਵਿੱਚ, ਓਹਨਾਂ ਨੂੰ ਸਿਨੇਮਾ ਦੇ ਖੇਤਰ ਵਿੱਚ ਭਾਰਤ ਦੇ ਸਰਬਉਚ ਸਨਮਾਨ, ਦਾਦਾ ਸਾਹਿਬ ਫਾਲਕੇ award ਨਾਲ ਸਨਮਾਨਿਤ ਕੀਤਾ ਗਿਆ. 2008 ਵਿੱਚ, ਓਹਨਾਂ ਨੂੰ ਭਾਰਤ ਸਰਕਾਰ ਵਲੋਂ ਦੇਸ਼ ਦੇ ਦੂਜੇ ਸਭ ਤੋਂ ਉੱਚੇ ਨਾਗਰਿਕ ਸਨਮਾਨ, ਪਦਮ ਵਿਭੂਸ਼ਣ ਨਾਲ ਸਨਮਾਨਿਤ ਕੀਤਾ ਗਿਆ। ਗਿੰਨੀਜ਼ ਬੁੱਕ ਆਫ਼ ਵਰਲਡ ਰਿਕਾਰਡਜ਼ ਨੇ ਓਹਨਾਂ ਨੂੰ 2011 ਵਿੱਚ ਸੰਗੀਤ ਇਤਿਹਾਸ ਵਿੱਚ ਸਭ ਤੋਂ ਵੱਧ ਰਿਕਾਰਡ ਕੀਤੇ ਕਲਾਕਾਰ ਵਜੋਂ ਮਾਨਤਾ ਦਿੱਤੀ. ਉਨ੍ਹਾਂ ਦੇ ਚਲੇ ਜਾਣ ਨਾਲ ਸੰਗੀਤ ਦੀ ਦੁਨੀਆ ਵਿੱਚ ਇੱਕ ਅਜਿਹਾ ਖਲਾਅ ਪੈਦਾ ਹੋ ਗਿਆ ਏ ਜਿਸਨੂੰ ਭਰਿਆ ਨਹੀਂ ਜਾ ਸਕਦਾ।*

---

ਰਾਸ਼ਟਰਪਤੀ, ਉਪ-ਰਾਸ਼ਟਰਪਤੀ ਅਤੇ ਪ੍ਰਧਾਨ ਮੰਤਰੀ ਨੇ ਆਸ਼ਾ ਭੌਂਸਲੇ ਦੇ ਦੇਹਾਂਤ 'ਤੇ ਡੂੰਘਾ ਦੁਖ ਪ੍ਰਗਟ ਕੀਤਾ ਏ. ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਪ੍ਰਸਿੱਧ ਗਾਇਕਾ ਆਸ਼ਾ ਭੋਂਸਲੇ ਦੇ ਦੇਹਾਂਤ 'ਤੇ ਸੋਗ ਪ੍ਰਗਟ ਕਰਦਿਆਂ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਕਿਹਾ ਕਿ ਉਨ੍ਹਾਂ ਦੇ ਦੇਹਾਂਤ ਨੇ ਸੰਗੀਤ ਦੀ ਦੁਨੀਆ ਵਿੱਚ ਇੱਕ ਵੱਡਾ ਖਲਾਅ ਪੈਦਾ ਕਰ ਦਿੱਤਾ ਏ। ਰਾਸ਼ਟਰਪਤੀ ਨੇ ਕਿਹਾ ਕਿ ਇੱਕ ਮਹਾਨ ਗਾਇਕਾ ਵਜੋਂ ਆਸ਼ਾ ਭੋਂਸਲੇ ਨੇ ਭਾਰਤ ਵਿੱਚ ਸੰਗੀਤ ਦੇ ਇੱਕ ਯੁੱਗ ਨੂੰ ਪਰਿਭਾਸ਼ਿਤ ਕੀਤਾ। ਉਪ-

ਰਾਸ਼ਟਰਪਤੀ ਸੀ ਪੀ ਰਾਧਾਕ੍ਰਿਸ਼ਨਨ ਨੇ ਪ੍ਰਸਿੱਧ ਗਾਇਕਾ ਆਸ਼ਾ ਭੋਸਲੇ ਦੇ ਦੇਹਾਂਤ 'ਤੇ ਦੁੱਖ ਪ੍ਰਗਟ ਕੀਤਾ ਏ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਰਾਧਾਕ੍ਰਿਸ਼ਨਨ ਨੇ ਕਿਹਾ ਕਿ ਆਸ਼ਾ ਭੋਸਲੇ ਨੇ ਭਾਰਤੀ ਸੰਗੀਤ 'ਤੇ ਇੱਕ ਅਮਿੱਟ ਛਾਪ ਛੱਡੀ. ਉਨ੍ਹਾਂ ਅੱਗੇ ਕਿਹਾ ਕਿ ਆਸ਼ਾ ਭੋਸਲੇ ਦੀ ਸਦੀਵੀ ਆਵਾਜ਼ ਅਤੇ ਸੰਗੀਤਕ ਵਿਰਸਾ ਲੱਖਾਂ ਲੋਕਾਂ ਦੇ ਦਿਲਾਂ ਵਿੱਚ ਗੂੰਜਦਾ ਰਹੇਗਾ ਅਤੇ ਆਉਣ ਵਾਲੀਆਂ ਪੀੜ੍ਹੀਆਂ ਨੂੰ ਪ੍ਰੇਰਿਤ ਕਰੇਗਾ. ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਵੀ ਮਹਾਨ ਗਾਇਕਾ ਆਸ਼ਾ ਭੋਸਲੇ ਦੇ ਦੇਹਾਂਤ 'ਤੇ ਦੁੱਖ ਪ੍ਰਗਟ ਕੀਤਾ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਸ਼੍ਰੀ ਮੋਦੀ ਨੇ ਕਿਹਾ ਕਿ ਆਸ਼ਾ ਭੋਸਲੇ ਭਾਰਤ ਦੀਆਂ ਸਭ ਤੋਂ ਮਹਾਨ ਅਤੇ ਬਹੁਪੱਖੀ ਆਵਾਜ਼ਾਂ ਵਿੱਚੋਂ ਇੱਕ ਸੀ। ਉਨ੍ਹਾਂ ਕਿਹਾ ਕਿ ਦਹਾਕਿਆਂ ਤੱਕ ਫੈਲੀ ਉਨ੍ਹਾਂ ਦੀ ਅਸਾਧਾਰਨ ਸੰਗੀਤਕ ਯਾਤਰਾ ਨੇ ਦੇਸ਼ ਦੀ ਸੱਭਿਆਚਾਰਕ ਵਿਰਸੇ ਨੂੰ ਅਮੀਰ ਬਣਾਇਆ ਅਤੇ ਦੁਨੀਆ ਭਰ ਦੇ ਅਣਗਿਣਤ ਦਿਲਾਂ ਨੂੰ ਛੋਹਿਆ.

-------------------------------------------------------

ਪੰਜਾਬ ਦੇ ਮੁਖ ਮੰਤਰੀ ਭਗਵੰਤ ਸਿੰਘ ਮਾਨ ਨੇ ਵੀ ਆਸ਼ਾ ਭੋਸਲੇ ਦੇ ਦੇਹਾਂਤ ਦੇ ਦੁਖ ਜ਼ਾਹਿਰ ਕਰਦਿਆਂ ਕਿਹਾ ਏ ਕਿ ਇਹ ਇੱਕ ਕਦੇ ਨਾ ਪੂਰਾ ਹੋਣ ਵਾਲਾ ਘਾਟਾ ਏ । ਇੱਕ ਸੋਸ਼ਲ ਮੀਡੀਆ ਪੋਸਟ ਵਿਚ ਮੁਖ ਮੰਤਰੀ ਨੇ ਕਿਹਾ ਕਿ ਭਾਰਤੀ ਸੰਗੀਤ ਜਗਤ ਵਿੱਚ ਉਨ੍ਹਾਂ ਵੱਲੋਂ ਪਾਏ ਗਏ ਵਡਮੁੱਲੇ ਯੋਗਦਾਨ ਨੂੰ ਰਹਿੰਦੀ ਦੁਨੀਆ ਤੱਕ ਯਾਦ ਰੱਖਿਆ ਜਾਵੇਗਾ।

-------------------------------------------------------

ਪੰਜਾਬ ਦੇ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਨੇ ਅੱਜ ਨਵੇਂ ਬਣੇ ਉਪ ਮੰਡਲ ਮੈਜਿਸਟਰੇਟ ਕੰਪਲੈਕਸ ਤਲਵੰਡੀ ਸਾਬੋ ਦਾ ਉਦਘਾਟਨ ਕੀਤਾ । ਜਿਸ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਦੱਸਿਆ ਕਿ 3 ਹਜ਼ਾਰ ਵਰਗ ਫੁੱਟ ਖੇਤਰ ਵਾਲੀ ਇਸ ਇਮਾਰਤ ਨੂੰ ਬਣਾਉਣ ਦੇ ਉੱਪਰ 6 ਕਰੋੜ ਰੁਪਏ ਦੀ ਰਕਮ ਖਰਚ ਹੋਈ ਏ । ਨਵੀਂ ਇਮਾਰਤ ਦੀਆਂ ਤਿੰਨ ਮੰਜ਼ਿਲਾਂ ਨੇ ਅਤੇ ਇਸ ਵਿੱਚ ਕੁੱਲ 28 ਕਮਰੇ ਨੇ- –

ਇਸ ਮੌਕੇ ਮੁੱਖ ਮੰਤਰੀ ਨੇ ਦੇਸ਼ ਵਾਸੀਆਂ ਨੂੰ ਵਿਸਾਖੀ ਦੀ ਵਧਾਈ ਦਿੱਤੀ। ਮੁੱਖ ਮੰਤਰੀ ਨੇ ਦੱਸਿਆ ਕਿ ਭਲਕੇ ਵਿਧਾਨ ਸਭਾ ਵਿੱਚ ਸੱਦੇ ਵਿਸ਼ੇਸ਼ ਸੈਸ਼ਨ ਦੌਰਾਨ ਬੇਅਦਬੀ ਬਾਰੇ ਨਵਾਂ ਸੋਧ ਬਿਲ ਲਿਆਂਦਾ ਜਾ ਰਿਹਾ ਏ ਜਿਸ ਤਹਿਤ ਧਾਰਮਿਕ ਗ੍ਰੰਥਾਂ ਦੀ ਬੇਅਦਬੀ ਕਰਨ ਵਾਲਿਆਂ ਖਿਲਾਫ ਸਖਤ ਕਾਨੂੰਨੀ ਕਾਰਵਾਈ ਕੀਤੀ ਜਾ ਸਕੇਗੀ। ਉਹਨਾਂ ਕਿਹਾ ਕਿ ਇਹ ਪੁਰਾਣੇ ਕਾਨੂੰਨ ਦੇ ਵਿੱਚ ਸੋਧ ਹੋਣ ਦੇ ਕਾਰਨ ਇਸ ਨੂੰ ਲਾਗੂ ਕਰਨ ਦੇ ਲਈ ਦੇਸ਼ ਦੇ ਰਾਸ਼ਟਰਪਤੀ ਕੋਲ ਨਹੀਂ ਭੇਜਣਾ ਪਵੇਗਾ ਜਿਸ ਕਾਰਨ ਇਹ

ਸਿਰਫ ਰਾਜਪਾਲ ਵੱਲੋਂ ਪਾਸ ਕੀਤੇ ਜਾਣ ਨਾਲ ਹੀ ਪੰਜਾਬ ਵਿੱਚ ਲਾਗੂ ਹੋ ਜਾਵੇਗਾ । ਕੰਪਲੈਕਸ ਦੇ ਉਦਘਾਟਨ ਤੋਂ ਬਾਅਦ ਵਿਚ ਉਨ੍ਹਾਂ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਮੱਥਾ ਟੇਕਿਆ।

-------------------------------------------------------

-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਕਿਹਾ ਏ ਕਿ ਪੰਜਾਬ ਦੀ 'ਸਿੱਖਿਆ ਕ੍ਰਾਂਤੀ' ਜ਼ਮੀਨੀ ਪੱਧਰ 'ਤੇ ਨਤੀਜੇ ਦੇ ਰਹੀ ਹੈਏ ਅਤੇ ਆਮ ਪਰਿਵਾਰਾਂ ਦੀਆਂ ਧੀਆਂ ਨੇ ਪੰਜਾਬ ਸਕੂਲ ਸਿੱਖਿਆ ਬੋਰਡ ਦੀ ਅੱਠਵੀਂ ਜਮਾਤ ਦੀ ਮੈਰਿਟ ਸੂਚੀ ਵਿੱਚ ਹਿਲੇ 20 ਵਿੱਚੋਂ 19 ਸਥਾਨ ਪ੍ਰਾਪਤ ਕਰ ਕੇ ਦਬਦਬਾ ਬਣਾਇਆ ਏ । ਚੰਡੀਗੜ੍ਹ ਵਿਖੇ ਮੋਹਰੀ ਵਿਦਿਆਰਥੀਆਂ ਦਾ ਸਨਮਾਨ ਕਰਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਲਾਨ ਕੀਤਾ ਕਿ ਅੱਵਲ ਰਹੇ 20 ਵਿਦਿਆਰਥੀਆਂ ਨੂੰ ਬਿਨਾਂ ਕਿਸੇ ਦਾਖਲਾ ਪ੍ਰੀਖਿਆ ਦੇ ਸਕੂਲ ਆਫ਼ ਐਮੀਨੈਂਸ ਵਿੱਚ ਸਿੱਧਾ ਦਾਖਲਾ ਦਿੱਤਾ ਜਾਵੇਗਾ. ਮੁੱਖ ਮੰਤਰੀ ਨੇ ਪਹਿਲੇ ਤਿੰਨ ਸਥਾਨ ਪ੍ਰਾਪਤ ਕਰਨ ਵਾਲਿਆਂ ਨੂੰ 50-50 ਹਜ਼ਾਰ ਰੁਪਏ ਦੇ ਨਕਦ ਈਨਾਮ ਨਾਲ ਸਨਮਾਨਿਤ ਕੀਤਾ ਅਤੇ ਵਿਦਿਆਰਥੀਆਂ ਨੂੰ ਜ਼ਮੀਨ ਨਾਲ ਜੁੜੇ ਰਹਿਣ, ਸਖ਼ਤ ਮਿਹਨਤ ਕਰਨ ਅਤੇ ਸਹੀ ਆਦਰਸ਼ ਚੁਣਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਪੰਜਾਬ ਦੇ ਬਦਲੇ ਹੋਏ ਸਰਕਾਰੀ ਸਕੂਲ ਹੁਣ ਸਿੱਖਿਆ ਵਿੱਚ ਕੌਮੀ ਮਾਪਦੰਡ ਵਜੋਂ ਉੱਭਰ ਰਹੇ ਨੇ. ਅੱਵਲ ਰਹੇ ਵਿਦਿਆਰਥੀਆਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਪਹਿਲੀ ਵਾਰ ਕੁੜੀਆਂ ਨੇ ਚੋਟੀ ਦੇ 20 ਵਿੱਚੋਂ 19 ਸਥਾਨ ਪ੍ਰਾਪਤ ਕਰ ਕੇ ਮੈਰਿਟ ਸੂਚੀ ਵਿੱਚ ਦਬਦਬਾ ਬਣਾਇਆ ਏ, ਜੋ ਕਿ ਉਨ੍ਹਾਂ ਦੇ ਦ੍ਰਿੜ੍ਹ ਇਰਾਦੇ ਦਾ ਸ਼ਕਤੀਸ਼ਾਲੀ ਪ੍ਰਮਾਣ ਏਜ਼ਿਕਰ ਯੋਗ ਏ ਕਿ ਪਹਿਲੀ ਵਾਰ ਕੁੜੀਆਂ ਨੇ ਪਹਿਲੇ 20 ਵਿੱਚੋਂ 19 ਸਥਾਨ ਪ੍ਰਾਪਤ ਕੀਤੇ ਨੇ, ਜਿਸ ਵਿੱਚ ਸਿਰਫ਼ ਇੱਕ ਮੁੰਡਾ 20ਵੇਂ ਰੈਂਕ 'ਤੇ ਏ।

---

ਪੰਜਾਬ ਦੇ ਨਵੀਂ ਅਤੇ ਨਵਿਆਉਣਯੋਗ ਊਰਜਾ ਸਰੋਤ ਮੰਤਰੀ ਅਮਨ ਅਰੋੜਾ ਨੇ ਅੱਜ ਐਲਾਨ ਕੀਤਾ ਏ ਕਿ ਪੰਜਾਬ ਸਰਕਾਰ ਵੱਲੋਂ 550 ਕਰੋੜ ਰੁਪਏ ਦੀ ਲਾਗਤ ਨਾਲ ਸੂਬੇ ਭਰ ਦੇ ਸਾਰੇ ਪਿੰਡਾਂ ਨੂੰ ਸੂਰਜੀ ਊਰਜਾ ਨਾਲ ਚੱਲਣ ਵਾਲੀਆਂ ਐਲ.ਈ.ਡੀ. ਸਟ੍ਰੀਟ ਲਾਈਟਾਂ ਨਾਲ ਰੌਸ਼ਨ ਕਰਨ ਲਈ ਇੱਕ ਵਿਲੱਖਣ ਪਹਿਲਕਦਮੀ 'ਮੁੱਖ ਮੰਤਰੀ ਰੌਸ਼ਨ ਪੰਜਾਬ ਯੋਜਨਾ' ਦੀ ਸ਼ੁਰੂਆਤ ਕੀਤੀ ਗਈ ਏ । ਸਥਾਨਕ ਸਰਕਟ ਹਾਊਸ ਵਿਖੇ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਨੇ ਇਸ ਪ੍ਰਾਜੈਕਟ ਨੂੰ ਪਿੰਡਾਂ ਵਿੱਚ ਰੌਸ਼ਨੀ ਲਈ ਸਭ ਤੋਂ ਵੱਡੀਆਂ ਪਹਿਲਕਦਮੀਆਂ ਵਿੱਚੋਂ ਇੱਕ ਦੱਸਿਆ, ਜਿਸ ਤਹਿਤ ਪੰਜਾਬ ਭਰ ਵਿੱਚ 3 ਲੱਖ ਤੋਂ ਵੱਧ ਸੋਲਰ ਐਲ.ਈ.ਡੀ. ਲਾਈਟਾਂ ਲਗਾਈਆਂ ਜਾਣਗੀਆਂ।

ਸ੍ਰੀ ਅਰੋੜਾ ਨੇ ਦੱਸਿਆ ਕਿ ਮੰਤਰੀ ਮੰਡਲ ਵੱਲੋਂ ਸ਼ਨੀਚਰਵਾਰ ਨੂੰ ਪਿੰਡਾਂ ਵਿੱਚ ਭਰੋਸੇਯੋਗ ਅਤੇ ਕਿਫਾਇਤੀ ਲਾਈਟਿੰਗ ਯਕੀਨੀ ਬਣਾਉਣ ਲਈ ਇਸ ਪ੍ਰੋਗਰਾਮ ਨੂੰ ਮਨਜ਼ੂਰੀ ਦਿੱਤੀ ਗਈ ਏ।

---

ਮੰਡੀ ਗੋਬਿੰਦਗੜ੍ਹ ਵਿਖੇ ਗੈਸ ਰੀਫਿਲਿੰਗ ਦੌਰਾਨ ਲਾਪਰਵਾਹੀ ਕਾਰਨ ਇੱਕ ਭਿਆਨਕ ਹਾਦਸਾ ਵਾਪਰਿਆ ਏ ਜਿਸ ਵਿੱਚ 6 ਵਿਅਕਤੀ ਬੁਰੀ ਤਰ੍ਹਾਂ ਨਾਲ ਝੁਲਸ ਗਏ। ਜ਼ਖਮੀਆਂ ਨੂੰ ਇਲਾਜ ਲਈ ਸਥਾਨਕ ਨਿੱਜੀ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ। ਘਟਨਾ ਸਬੰਧੀ ਜਾਣਕਾਰੀ ਦਿੰਦੇ ਹੋਏ ਇੱਕ ਪੀੜਤ ਨੇ ਦੱਸਿਆ ਕਿ ਉਹ ਵੱਡੇ ਸਿਲੰਡਰ ਤੋਂ ਛੋਟੇ ਸਿਲੰਡਰ ਵਿੱਚ ਗੈਸ ਭਰ ਰਹੇ ਸਨ, ਇਸ ਦੌਰਾਨ ਗੈਸ ਹੌਲੀ-ਹੌਲੀ ਲੀਕ ਹੋ ਕੇ ਕਮਰੇ ਵਿੱਚ ਫੈਲ ਗਈ। ਕਰੀਬ ਇੱਕ ਤੋਂ ਡੇਢ ਘੰਟੇ ਬਾਅਦ ਗੈਸ ਕਮਰੇ ਵਿੱਚੋਂ ਨਿਕਲੀ ਗਈ ਹੋਈ ਜਾਣ ਕੇ ਜਦੋਂ ਇੱਕ ਸਾਥੀ ਨੇ ਮਾਚਿਸ ਜਲਾਈ ਤਾਂ ਕਮਰੇ ਵਿੱਚ ਮੌਜੂਦ ਗੈਸ ਨੇ ਤੁਰੰਤ ਅੱਗ ਫੜ ਲਈ, ਜਿਸ ਨਾਲ ਜ਼ੋਰਦਾਰ ਅੱਗ ਲੱਗ ਗਈ। ਹਾਦਸੇ ਦੌਰਾਨ ਸਿਲੰਡਰ ਨਹੀਂ ਫਟਿਆ ਪਰ ਗੈਸ ਦੇ ਰਿਸਾਅ ਅਤੇ ਬੰਦ ਕਮਰੇ ਵਿੱਚ ਇਕੱਠੀ ਹੋਣ ਕਾਰਨ ਇਹ ਘਟਨਾ ਵਾਪਰੀ। ਇਸ ਹਾਦਸੇ ਵਿੱਚ 6 ਵਿਅਕਤੀ ਬੁਰੀ ਤਰ੍ਹਾਂ ਨਾਲ ਝੁਲਸ ਗਏ, ਹਾਲਾਂਕਿ ਕਿਸੇ ਜਾਨੀ ਨੁਕਸਾਨ ਦੀ ਕੋਈ ਖਬਰ ਨਹੀਂ ਏ.

---

ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਵਿਧਾਇਕ ਕੁਲਵੰਤ ਸਿੰਘ ਸਿੱਧੂ ਨਾਲ ਅੱਜ ਲੁਧਿਆਣਾ ਵਿੱਚ ਵਾਪਰੇ ਦੁਖਦਾਈ ਵਰਿੰਦਾਵਨ ਕਿਸ਼ਤੀ ਹਾਦਸੇ ਦੇ ਪੀੜਤਾਂ ਦੇ ਪਰਿਵਾਰਾਂ ਨਾਲ ਮੁਲਾਕਾਤ ਕੀਤੀ।

---

ਆਈਪੀਐਲ ਕ੍ਰਿਕਟ ਵਿੱਚ, ਲਖਨਊ ਸੁਪਰ ਜਾਇੰਟਸ ਨੇ ਲਖਨਊ ਦੇ ਏਕਾਨਾ ਕ੍ਰਿਕਟ ਸਟੇਡੀਅਮ ਵਿੱਚ ਗੁਜਰਾਤ ਜਾਇੰਟਸ ਲਈ 165 ਦੌੜਾਂ ਦਾ ਟੀਚਾ ਰੱਖਿਆ ਏ। ਇੱਕ ਹੋਰ ਮੈਚ ਵਿੱਚ, ਮੁੰਬਈ ਇੰਡੀਅਨਜ਼ ਦਾ ਮੁਕਾਬਲਾ ਅੱਜ ਸ਼ਾਮ ਮੁੰਬਈ ਦੇ ਵਾਨਖੇੜੇ ਸਟੇਡੀਅਮ ਵਿੱਚ ਰਾਇਲ ਚੈਲੇਂਜਰਜ਼ ਬੰਗਲੁਰੂ ਨਾਲ ਹੋਏਗਾ. ਮੈਚ ਸ਼ਾਮ ਸਾਢੇ 7 ਵਜੇ ਸ਼ੁਰੂ ਹੋਣਾ ਏ।